ਮਾਲੀ ਗਉੜਾ ਮਹਲਾ ੫ ॥ ਸਭ ਕੈ ਸੰਗੀ ਨਾਹੀ ਦੂਰਿ ॥ ਕਰਨ ਕਰਾਵਨ ਹਾਜਰਾ ਹਜੂਰਿ ॥ ੧॥ ਰਹਾਉ ॥ ਸੁਨਤ ਜੀਓ ਜਾਸੁ ਨਾਮੁ ॥ ਦੁਖ ਬਿਨਸੇ ਸੁਖ ਕੀਓ ਬਿਸ੍ਰਾਮੁ ॥ ਸਗਲ ਨਿਧਿ ਹਰਿ ਹਰਿ ਹਰੇ ॥ ਮੁਨਿ ਜਨ ਤਾ ਕੀ ਸੇਵ ਕਰੇ ॥ ੧॥ ਜਾ ਕੈ ਘਰਿ ਸਗਲੇ ਸਮਾਹਿ ॥ ਜਿਸ ਤੇ ਬਿਰਥਾ ਕੋਇ ਨਾਹਿ ॥ ਜੀਅ ਜੰਤ੍ਰ ਕਰੇ ਪ੍ਰਤਿਪਾਲ ॥ ਸਦਾ ਸਦਾ ਸੇਵਹੁ ਕਿਰਪਾਲ ॥ ੨॥ ਸਦਾ ਧਰਮੁ ਜਾ ਕੈ ਦੀਬਾਣਿ ॥ ਬੇਮੁਹਤਾਜ ਨਹੀ ਕਿਛੁ ਕਾਣਿ ॥ ਸਭ ਕਿਛੁ ਕਰਨਾ ਆਪਨ ਆਪਿ ॥ ਰੇ ਮਨ ਮੇਰੇ ਤੂ ਤਾ ਕਉ ਜਾਪਿ ॥੩॥ ਸਾਧਸੰਗਤਿ ਕਉ ਹਉ ਬਲਿਹਾਰ ॥ ਜਾਸੁ ਮਿਲਿ ਹੋਵੈ ਉਧਾਰੁ ॥ ਨਾਮ ਸੰਗਿ ਮਨ ਤਨਹਿ ਰਾਤ ॥ ਨਾਨਕ ਕਉ ਪ੍ਰਭਿ ਕਰੀ ਦਾਤਿ ॥੪॥੫॥ {ਪੰਨਾ 987}

ਪਦਅਰਥ:- ਸੰਗੀ—ਸੰਗੀ, ਨਾਲ। ਸਭ ਕੈ ਸੰਗੀ—ਸਭ ਕੇ ਸੰਗਿ, ਸਭ ਜੀਵਾਂ ਦੇ ਨਾਲ। ਕਰਨ ਕਰਾਵਨ—ਆਪ ਕਰਨ ਅਤੇ ਜੀਵਾਂ ਪਾਸੋਂ ਕਰਾ ਸਕਣ ਵਾਲਾ। ਹਾਜਰਾ ਹਜੂਰਿ—ਸਭ ਥਾਂ ਮੌਜੂਦ।1। ਰਹਾਉ।

ਜੀਓ—ਆਤਮਕ ਜੀਵਨ ਮਿਲਦਾ ਹੈ। ਜਾਸੁ—{XÔX} ਜਿਸ ਦਾ। ਬਿਸ੍ਰਾਮ—ਨਿਵਾਸ। ਸਗਲ—ਸਾਰੇ। ਨਿਧਿ—ਖ਼ਜ਼ਾਨੇ, ਨਿਧੀਆਂ। ਤਾ ਕੀ—ਉਸ ਪਰਮਾਤਮਾ ਦੀ।1।

ਕੈ ਘਰਿ—ਦੇ ਘਰ ਵਿਚ। ਸਗਲ—ਸਾਰੇ ਜੀਵ। ਜਿਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਬਿਰਥਾ—ਖ਼ਾਲੀ, ਸੱਖਣਾ। ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ}।2।

ਧਰਮੁ—ਇਨਸਾਫ਼। ਜਾ ਕੈ ਦੀਬਾਣਿ—ਜਿਸ ਦੀ ਕਚਹਿਰੀ ਵਿਚ। ਕਾਣਿ—ਮੁਥਾਜੀ। ਤਾ ਕਉ—ਉਸ ਨੂੰ।3।

ਕਉ—ਨੂੰ, ਤੋਂ। ਹਉ—ਹਉਂ ਮੈਂ। ਬਲਿਹਾਰ—ਸਦਕੇ। ਜਾਸੁ ਮਿਲਿ—ਜਿਸ ਨੂੰ ਮਿਲ ਕੇ। ਉਧਾਰੁ—ਪਾਰ-ਉਤਾਰਾ। ਸੰਗਿ—ਨਾਲ। ਮਨ ਤਨਹਿ—ਮਨ ਵਿਚ ਤਨ ਵਿਚ। ਰਾਤ—ਰੱਤਾ, ਰੰਗਿਆ। ਪ੍ਰਭਿ—ਪ੍ਰਭੂ ਨੇ। ਕਰੀ—ਕੀਤੀ।4।

ਅਰਥ:- ਹੇ ਭਾਈ! ਪਰਮਾਤਮਾ ਆਪ ਸਭ ਕੁਝ ਕਰ ਸਕਦਾ ਹੈ ਜੀਵਾਂ ਪਾਸੋਂ ਕਰਾ ਸਕਦਾ ਹੈ, ਉਹ ਹਰ ਥਾਂ ਮੌਜੂਦ ਹੈ, ਸਭਨਾਂ ਜੀਵਾਂ ਦੇ ਨਾਲ ਵੱਸਦਾ ਹੈ, ਕਿਸੇ ਤੋਂ ਭੀ ਦੂਰ ਨਹੀਂ ਹੈ।1। ਰਹਾਉ।

ਹੇ ਭਾਈ! ਜਿਸ ਪਰਮਾਤਮਾ ਦਾ ਨਾਮ ਸੁਣਦਿਆਂ ਆਤਮਕ ਜੀਵਨ ਮਿਲਦਾ ਹੈ, ਸਾਰੇ ਦੁੱਖ ਦੂਰ ਹੋ ਜਾਂਦੇ ਹਨ ਅਤੇ (ਹਿਰਦੇ ਵਿਚ) ਸੁਖ ਟਿਕਾਣਾ ਆ ਬਣਾਂਦੇ ਹਨ, ਸਭ ਰਿਸ਼ੀ ਮੁਨੀ ਉਸ ਦੀ ਭਗਤੀ ਕਰਦੇ ਹਨ, (ਸੰਸਾਰ ਦੇ) ਸਾਰੇ ਹੀ ਖ਼ਜ਼ਾਨੇ ਉਸ ਪਰਮਾਤਮਾ ਦੇ ਪਾਸ ਹਨ।1।

ਹੇ ਭਾਈ! ਉਸ ਕਿਰਪਾਲ ਪ੍ਰਭੂ ਦੀ ਭਗਤੀ ਸਦਾ ਹੀ ਕਰਦੇ ਰਹੋ, ਜਿਸ ਦੇ ਘਰ ਵਿਚ ਸਾਰੇ ਹੀ (ਖ਼ਜ਼ਾਨੇ) ਟਿਕੇ ਹੋਏ ਹਨ, ਜਿਸ (ਦੇ ਦਰ) ਤੋਂ ਕੋਈ ਜੀਵ ਖ਼ਾਲੀ ਨਹੀਂ ਜਾਂਦਾ, ਜੋ ਸਭ ਜੀਵਾਂ ਦੀ ਪਾਲਣਾ ਕਰਦਾ ਹੈ।2।

ਹੇ ਮੇਰੇ ਮਨ! ਤੂੰ ਉਸ ਪ੍ਰਭੂ ਦਾ ਨਾਮ ਜਪਿਆ ਕਰ ਜੋ ਆਪ ਹੀ ਸਭ ਕੁਝ ਕਰਨ ਦੇ ਸਮਰੱਥ ਹੈ, ਜੋ ਬੇ-ਮੁਥਾਜ ਹੈ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ, ਅਤੇ ਜਿਸ ਦੀ ਕਚਹਿਰੀ ਵਿਚ ਸਦਾ ਨਿਆਂ ਹੁੰਦਾ ਹੈ।3।

ਹੇ ਨਾਨਕ! (ਆਖ—) ਮੈਂ ਗੁਰੂ ਦੀ ਸੰਗਤਿ ਤੋਂ ਕੁਰਬਾਨ ਜਾਂਦਾ ਹਾਂ ਜਿਸ ਨੂੰ ਮਿਲ ਕੇ (ਪਰਮਾਤਮਾ ਦਾ ਨਾਮ ਮਿਲਦਾ ਹੈ, ਅਤੇ ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ। ਪ੍ਰਭੂ ਨੇ (ਗੁਰੂ ਦੀ ਰਾਹੀਂ) ਜਿਸ ਮਨੁੱਖ ਨੂੰ (ਨਾਮ ਦੀ) ਦਾਤਿ ਬਖ਼ਸ਼ੀ, ਉਹ ਨਾਮ ਨਾਲ ਰੰਗਿਆ ਰਹਿੰਦਾ ਹੈ, ਉਸ ਦੇ ਮਨ ਵਿਚ ਤਨ ਵਿਚ ਨਾਮ (ਵੱਸਿਆ ਰਹਿੰਦਾ ਹੈ)।4।5।